ਗਉੜੀ ਮਹਲਾ ੧ ॥ ਰਾਮਿ ਨਾਮਿ ਚਿਤੁ ਰਾਪੈ ਜਾ ਕਾ ॥ ਉਪਜੰਪਿ ਦਰਸਨੁ ਕੀਜੈ ਤਾ ਕਾ ॥੧॥ ਰਾਮ ਨ ਜਪਹੁ ਅਭਾਗੁ ਤੁਮਾਰਾ ॥ ਜੁਗਿ ਜੁਗਿ ਦਾਤਾ ਪ੍ਰਭੁ ਰਾਮੁ ਹਮਾਰਾ ॥੧॥ ਰਹਾਉ ॥ ਗੁਰਮਤਿ ਰਾਮੁ ਜਪੈ ਜਨੁ ਪੂਰਾ ॥ ਤਿਤੁ ਘਟ ਅਨਹਤ ਬਾਜੇ ਤੂਰਾ ॥੨॥ ਜੋ ਜਨ ਰਾਮ ਭਗਤਿ ਹਰਿ ਪਿਆਰਿ ॥ ਸੇ ਪ੍ਰਭਿ ਰਾਖੇ ਕਿਰਪਾ ਧਾਰਿ ॥੩॥ ਜਿਨ ਕੈ ਹਿਰਦੈ ਹਰਿ ਹਰਿ ਸੋਈ ॥ ਤਿਨ ਕਾ ਦਰਸੁ ਪਰਸਿ ਸੁਖੁ ਹੋਈ ॥੪॥ ਸਰਬ ਜੀਆ ਮਹਿ ਏਕੋ ਰਵੈ ॥ ਮਨਮੁਖਿ ਅਹੰਕਾਰੀ ਫਿਰਿ ਜੂਨੀ ਭਵੈ ॥੫॥ ਸੋ ਬੂਝੈ ਜੋ ਸਤਿਗੁਰੁ ਪਾਏ ॥ ਹਉਮੈ ਮਾਰੇ ਗੁਰ ਸਬਦੇ ਪਾਏ ॥ ੬॥ ਅਰਧ ਉਰਧ ਕੀ ਸੰਧਿ ਕਿਉ ਜਾਨੈ ॥ ਗੁਰਮੁਖਿ ਸੰਧਿ ਮਿਲੈ ਮਨੁ ਮਾਨੈ ॥ ੭॥ ਹਮ ਪਾਪੀ ਨਿਰਗੁਣ ਕਉ ਗੁਣੁ ਕਰੀਐ ॥ ਪ੍ਰਭ ਹੋਇ ਦਇਆਲੁ ਨਾਨਕ ਜਨ ਤਰੀ ਐ ॥੮॥੧੬॥ ਸੋਲਹ ਅਸਟਪਦੀਆ ਗੁਆਰੇਰੀ ਗਉੜੀ ਕੀਆ ॥
{ਪੰਨਾ 228}

ਪਦਅਰਥ:- ਰਾਮਿ—ਰਾਮ ਵਿਚ। ਨਾਮਿ—ਨਾਮ ਵਿਚ। ਰਾਪੈ—ਰੰਗਿਆ ਜਾਂਦਾ ਹੈ। ਜਾ ਕਾ ਚਿਤੁ—ਜਿਸ (ਮਨੁੱਖ) ਦਾ ਚਿਤ। ਉਪਜੰਪਿ—ਸਵੇਰੇ ਉਠਦਿਆਂ ਹੀ।1।

ਅਭਾਗੁ—ਬਦ-ਕਿਸਮਤੀ। ਜੁਗਿ ਜੁਗਿ—ਹਰੇਕ ਜੁਗ ਵਿਚ, ਸਦਾ ਹੀ।1। ਰਹਾਉ।

ਤਿਤੁ—ਉਸ ਵਿਚ। ਘਟਿ—ਘਟ ਵਿਚ। ਤਿਤੁ ਘਟਿ—ਉਸ ਹਿਰਦੇ ਵਿਚ। ਅਨਹਤ—{hn`—ਚੋਟ ਲਾਣੀ} ਬਿਨਾ ਚੋਟ ਲਾਇਆਂ, ਬਿਨਾ ਵਜਾਇਆਂ, ਇਕ-ਰਸ, ਲਗਾਤਾਰ। ਤੂਰਾ—ਤੁਰਮ।2।

ਪਿਆਰਿ—ਪਿਆਰ ਵਿਚ। ਸੇ—ਉਹ ਬੰਦੇ। ਪ੍ਰਭਿ—ਪ੍ਰਭੂ ਨੇ। ਧਾਰਿ—ਧਾਰ ਕੇ, ਕਰ ਕੇ।3।

ਪਰਸਿ—ਪਰਸ ਕੇ, ਛੁਹ ਕੇ, ਕਰ ਕੇ।4।

ਰਵੈ—ਵਿਆਪਕ ਹੈ।5।

ਅਰਧ—{ADs`} ਹੇਠਲੇ ਲੋਕ ਨਾਲ ਸੰਬੰਧ ਰੱਖਣ ਵਾਲਾ, ਜੀਵਾਤਮਾ। ਉਰਧ—{@ÆvL} ਉੱਚੇ ਮੰਡਲਾਂ ਦਾ ਵਾਸੀ, ਪਰਮਾਤਮਾ। ਸੰਧਿ—ਮਿਲਾਪ। ਮਾਨੈ—ਪਤੀਜਦਾ ਹੈ।7।

ਕਉ—ਨੂੰ। ਕਰੀਐ—(ਕਿਰਪਾ ਕਰ ਕੇ) ਕਰੋ।8।

ਅਰਥ:- ਹੇ ਭਾਈ! (ਜੇ) ਤੁਸੀ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ, ਤਾਂ ਇਹ ਤੁਹਾਡੀ ਬਦ-ਕਿਸਮਤੀ ਹੈ। ਪਰਮਾਤਮਾ ਪ੍ਰਭੂ ਸਦਾ ਤੋਂ ਹੀ ਸਾਨੂੰ (ਸਭ ਜੀਵਾਂ ਨੂੰ) ਦਾਤਾਂ ਦੇਂਦਾ ਚਲਾ ਆ ਰਿਹਾ ਹੈ (ਅਜੇਹੇ ਦਾਤੇ ਨੂੰ ਭੁਲਾਣਾ ਮੰਦ-ਭਾਗਤਾ ਹੈ)।1। ਰਹਾਉ।

ਜਿਸ ਮਨੁੱਖ ਦਾ ਮਨ ਪਰਮਾਤਮਾ ਵਿਚ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗਿਆ ਹੋਇਆ ਹੈ, ਉਸ ਦਾ ਦਰਸਨ ਨਿੱਤ ਸਵੇਰੇ ਉਠਦਿਆਂ ਹੀ ਕਰਨਾ ਚਾਹੀਦਾ ਹੈ (ਅਜੇਹੇ ਸੁਭਾਗੇ ਮਨੁੱਖ ਦੀ ਸੰਗਤਿ ਨਾਲ ਪਰਮਾਤਮਾ ਦਾ ਨਾਮ ਚੇਤੇ ਆਉਂਦਾ ਹੈ)।1।

ਜੇਹੜਾ ਮਨੁੱਖ ਗੁਰੂ ਦੀ ਸਿੱਖਿਆ ਲੈ ਕੇ ਪਰਮਾਤਮਾ ਦਾ ਨਾਮ ਜਪਦਾ ਹੈ, ਉਹ ਪੂਰਨ ਹੋ ਜਾਂਦਾ ਹੈ (ਉਸ ਦਾ ਮਨ ਮਾਇਆ ਦੇ ਮੋਹ ਵਿਚ ਡੋਲਦਾ ਨਹੀਂ)। ਉਸ (ਦੇ) ਹਿਰਦੇ ਵਿਚ (ਖਿੜਾਉ ਹੀ ਖਿੜਾਉ ਬਣਿਆ ਰਹਿੰਦਾ ਹੈ, ਮਾਨੋ) ਇਕ-ਰਸ ਤੁਰਮਾਂ ਆਦਿਕ ਵਾਜੇ ਵੱਜਦੇ ਰਹਿੰਦੇ ਹਨ।2।

ਜੇਹੜੇ ਬੰਦੇ ਹਰਿ ਪਰਮਾਤਮਾ ਦੀ ਭਗਤੀ ਦੇ ਪਿਆਰ ਵਿਚ (ਜੁੜਦੇ) ਹਨ, ਉਹਨਾਂ ਨੂੰ ਪ੍ਰਭੂ ਨੇ ਮਿਹਰ ਕਰ ਕੇ (ਹਉਮੈ ਆਦਿਕ ਤੋਂ) ਬਚਾ ਲਿਆ ਹੈ।3।

ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਉਹ (ਦਇਆ-ਨਿਧਿ) ਪਰਮਾਤਮਾ ਵੱਸਦਾ ਹੈ, ਉਹਨਾਂ ਦਾ ਦਰਸਨ ਕੀਤਿਆਂ (ਆਤਮਕ) ਆਨੰਦ ਮਿਲਦਾ ਹੈ।4।

ਸਭ ਜੀਵਾਂ ਦੇ ਅੰਦਰ ਇਕ ਪਰਮਾਤਮਾ ਹੀ ਵਿਆਪਕ ਹੈ। (ਪਰ) ਮਨ ਦਾ ਮੁਰੀਦ ਮਨੁੱਖ (ਇਸ ਗੱਲ ਨੂੰ ਨਹੀਂ ਸਮਝਦਾ, ਉਹ ਇਹਨਾਂ ਵਿਚ ਰੱਬ ਵੱਸਦਾ ਨਹੀਂ ਵੇਖਦਾ, ਉਹ) ਜੀਵਾਂ ਨਾਲ ਅਹੰਕਾਰ-ਭਰਿਆ ਵਰਤਾਉ ਕਰਦਾ ਹੈ, ਤੇ ਮੁੜ ਮੁੜ ਜੂਨਾਂ ਵਿੱਚ ਭਟਕਦਾ ਹੈ।5।

ਜਿਸ ਮਨੁੱਖ ਨੂੰ ਸਤਿਗੁਰੂ ਮਿਲਦਾ ਹੈ ਉਹ ਸਮਝ ਲੈਂਦਾ ਹੈ (ਕਿ ਸਭ ਜੀਵਾਂ ਵਿਚ ਪਰਮਾਤਮਾ ਹੀ ਵੱਸਦਾ ਹੈ, ਇਸ ਵਾਸਤੇ) ਉਹ (ਆਪਣੇ ਅੰਦਰੋਂ) ਹਉਮੈ ਮਾਰਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ (ਪਰਮਾਤਮਾ ਦਾ ਮੇਲ) ਪ੍ਰਾਪਤ ਕਰ ਲੈਂਦਾ ਹੈ।6।

(ਸਿਮਰਨ ਤੋਂ ਵਾਂਜੇ ਰਿਹਾਂ, ਮਨੁੱਖ ਨੂੰ) ਜੀਵਾਤਮਾ ਤੇ ਪਰਮਾਤਮਾ ਦੇ ਮਿਲਾਪ ਦੀ ਪਛਾਣ ਨਹੀਂ ਆ ਸਕਦੀ, (ਉਹੀ ਪਛਾਣਦਾ ਹੈ) ਜੋ ਗੁਰਮੁਖਾਂ ਦੀ ਸੰਗਤਿ ਵਿਚ ਮਿਲਦਾ ਹੈ, ਤੇ ਉਸ ਦਾ ਮਨ (ਸਿਮਰਨ ਵਿਚ) ਗਿੱਝ ਜਾਂਦਾ ਹੈ।7।

ਹੇ ਪ੍ਰਭੂ! ਅਸੀਂ ਜੀਵ ਵਿਕਾਰੀ ਹਾਂ, ਗੁਣ-ਹੀਣ ਹਾਂ (ਆਪਣਾ ਨਾਮ ਸਿਮਰਨ ਦਾ) ਗੁਣ ਤੂੰ ਆਪ ਸਾਨੂੰ ਬਖ਼ਸ਼। ਹੇ ਨਾਨਕ! (ਆਖ—) ਹੇ ਪ੍ਰਭੂ! ਤੂੰ ਦਇਆਲ ਹੋ ਕੇ (ਜਦੋਂ ਨਾਮ ਦੀ ਦਾਤਿ ਬਖ਼ਸ਼ਦਾ ਹੈਂ, ਤਦੋਂ) ਤੇਰੇ ਦਾਸ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕਦੇ ਹਨ।8। 16।